# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :20-01-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਸਰਵਉੱਚ ਅਦਾਲਤ ਨੇ ਆਵਾਰਾ ਕੁੱਤਿਆਂ ਸੰਬੰਧੀ ਅਦਾਲਤ ਦੇ ਹੁਕਮਾਂ ਦੀ ਆਲੋਚਨਾ ਕਰਨ ਲਈ ਸਾਬਕਾ ਕੇਂਦਰੀ ਮੰਤਰੀ ਮੇਨਕਾ ਗਾਂਧੀ ਦੇ ਬਿਆਨ 'ਤੇ ਨਾਰਾਜ਼ਗੀ ਪ੍ਰਗਟ ਕੀਤੀ।

- ਪੰਜਾਬ ਸਰਕਾਰ ਵਲੋਂ ਲੁਧਿਆਣਾ ਵਿੱਚ ਇੱਕ ਆਜ਼ਮਾਇਸ਼ੀ ਪ੍ਰੋਜੈਕਟ ਵਜੋਂ ਆਪਣੀ ਪਹਿਲੀ ਡੌਗ ਸੈਂਕਚੁਰੀ ਦੀ ਸ਼ੁਰੂਆਤ।

- ਪੰਜਾਬ ਪੁਲਿਸ ਵਲੋਂ ਸੂਬੇ ਵਿੱਚੋਂ ਗੈਂਗਸਟਰ ਨੈੱਟਵਰਕ ਨੂੰ ਖਤਮ ਕਰਨ ਲਈ 'ਆਪ੍ਰੇਸ਼ਨ ਪਰਹਾਰ' ਦੀ ਸ਼ੁਰੂਆਤ- ਪੁਲਿਸ ਮੁਖੀ ਨੇ ਕਿਹਾ ਕੋਈ ਗੈਂਗਸਟਰ ਬਖਸ਼ਿਆ ਨਹੀਂ ਜਾਵੇਗਾ।

- ਕਪੂਰਥਲਾ ਜ਼ਿਲ੍ਹੇ ਵਿਚ ਧਰਤੀ ਹੇਠਲੇ ਪਾਣੀ ਦੀ ਸੁਚੱਜੀ ਸਾਂਭ-ਸੰਭਾਲ ਲਈ 31 ਮਈ ਤੱਕ ਰੀਚਾਰਜ ਸਿਸਟਮ ਸਥਾਪਤ ਕਰਨ ਦਾ ਟੀਚਾ- ਪਾਣੀ ਦੀ ਬੇਲੋੜੀ ਵਰਤੋਂ ਨੂੰ ਰੋਕਣ ਲਈ ਲੋਕਾਂ ਨੂੰ ਕੀਤਾ ਜਾਵੇਗਾ ਜਾਗਰੂਕ।

- ਮੌਸਮ ਵਿਭਾਗ ਨੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ।

- ਮਹਿਲਾ ਪ੍ਰੀਮੀਅਰ ਲੀਗ ਕ੍ਰਿਕਟ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਅੱਜ ਸ਼ਾਮ ਮੁੰਬਈ ਇੰਡੀਅਨਜ਼ ਨਾਲ ਹੋਵੇਗਾ।

***ਹੁਣ ਖਬਰਾਂ ਵਿਸਥਾਰ ਨਾਲ***

ਸਰਵਉੱਚ ਅਦਾਲਤ ਨੇ ਆਵਾਰਾ ਕੁੱਤਿਆਂ ਸੰਬੰਧੀ ਅਦਾਲਤ ਦੇ ਹੁਕਮਾਂ ਦੀ ਆਲੋਚਨਾ ਕਰਨ ਲਈ ਸਾਬਕਾ ਕੇਂਦਰੀ ਮੰਤਰੀ ਮੇਨਕਾ ਗਾਂਧੀ ਦੇ ਬਿਆਨ 'ਤੇ ਨਾਰਾਜ਼ਗੀ ਪ੍ਰਗਟ ਕੀਤੀ ਏ। ਸਰਵਉੱਚ ਅਦਾਲਤ ਨੇ ਕਿਹਾ ਕਿ ਇਹ ਅਦਾਲਤ ਦੇ ਹੁਕਮਾਂ ਦੀ ਉਲੰਘਣਾ ਏ। ਜਸਟਿਸ ਵਿਕਰਮ ਨਾਥ, ਸੰਦੀਪ ਮਹਿਤਾ ਅਤੇ ਐਨ.ਵੀ. ਅੰਜਾਰੀਆ ਦੀ ਬੈਂਚ ਨੇ ਕਿਹਾ ਕਿ ਸ੍ਰੀਮਤੀ ਮੇਨਕਾ ਗਾਂਧੀ ਨੇ ਸਾਰਿਆਂ ਖਿਲਾਫ ਬਿਨਾਂ ਸੋਚੇ-

ਸਮਝੇ ਟਿੱਪਣੀਆਂ ਕੀਤੀਆਂ, ਫਿਰ ਵੀ ਅਦਾਲਤ ਉਨ੍ਹਾਂ ਖਿਲਾਫ ਨਰਮੀ ਦਿਖਾਉਂਦੇ ਹੋਏ ਮਾਣਹਾਨੀ ਦੀ ਕਾਰਵਾਈ ਨਹੀਂ ਕਰ ਰਹੀ ਏ । ਸਰਵਉੱਚ ਅਦਾਲਤ ਨੇ ਕਿਹਾ ਕਿ ਆਵਾਰਾ ਕੁੱਤਿਆਂ ਨੂੰ ਖਾਣਾ ਦੇਣ ਵਾਲਿਆਂ ਨੂੰ ਜਵਾਬਦੇਹ ਬਣਾਉਣ ਬਾਰੇ ਅਦਾਲਤ ਦੀ ਟਿੱਪਣੀ ਵਿਅੰਗਾਤਮਕ ਨਹੀਂ ਸਗੋਂ ਗੰਭੀਰਤਾ ਨਾਲ ਕੀਤੀ ਗਈ ਸੀ। 13 ਜਨਵਰੀ ਨੂੰ, ਸਰਵਉੱਚ ਅਦਾਲਤ ਨੇ ਕਿਹਾ ਕਿ ਰਾਜਾਂ ਨੂੰ ਕੁੱਤਿਆਂ ਦੇ ਕੱਟਣ ਲਈ ਕਾਫ਼ੀ ਮੁਆਵਜ਼ਾ ਦੇਣ ਅਤੇ ਉਨ੍ਹਾਂ ਨੂੰ ਖਾਣਾ ਦੇਣ ਵਾਲਿਆਂ ਨੂੰ ਜਵਾਬਦੇਹ ਠਹਿਰਾਇਆ ਜਾਵੇਗਾ। ਅਦਾਲਤ ਨੇ ਪਿਛਲੇ ਪੰਜ ਸਾਲਾਂ ਦੌਰਾਨ ਲਾਵਾਰਿਸ ਜਾਨਵਰਾਂ ਦੇ ਨਿਯਮਾਂ ਨੂੰ ਲਾਗੂ ਨਾ ਕਰਨ 'ਤੇ ਵੀ ਚਿੰਤਾ ਪ੍ਰਗਟ ਕੀਤੀ।

---------------------------------------------------------

ਪੰਜਾਬ ਸਰਕਾਰ ਨੇ ਲੁਧਿਆਣਾ ਵਿੱਚ ਆਪਣੀ ਪਹਿਲੀ ਡੌਗ ਸੈਂਕਚੁਰੀ ਇੱਕ ਆਜ਼ਮਾਇਸ਼ੀ ਪ੍ਰੋਜੈਕਟ ਵਜੋਂ ਖੋਲ੍ਹੀ ਏ ਤੇ ਅਜਿਹੀਆਂ ਹੀ ਹੋਰ ਡੌਗ ਸੈਂਕਚੁਰੀਆਂ ਪੂਰੇ ਸੂਬੇ ਵਿੱਚ ਖੋਲ੍ਹੀਆਂ ਜਾਣਗੀਆਂ। ਸੂਬੇ ਦੇ ਸਥਾਨਕ ਸਰਕਾਰਾਂ, ਉਦਯੋਗ ਅਤੇ ਵਣਜ ਮੰਤਰੀ ਸੰਜੀਵ ਅਰੋੜਾ ਨੇ ਬੀਤੇ ਕੱਲ੍ਹ ਸੈਂਕਚੁਰੀ ਦਾ ਉਦਘਾਟਨ ਕਰਦੇ ਹੋਏ ਕਿਹਾ ਕਿ ਇਸ ਪਹਿਲ ਦਾ ਉਦੇਸ਼ ਸ਼ਹਿਰ ਵਿੱਚ ਕੁੱਤਿਆਂ ਦੇ ਵੱਢਣ ਦੇ ਮਾਮਲਿਆਂ ਨੂੰ ਘਟਾਉਣਾ ਏ ਅਤੇ

ਇਹ ਸੁਪਰੀਮ ਕੋਰਟ ਵਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਮੁਤਾਬਿਕ ਕੰਮ ਕਰੇਗੀ। ਪ੍ਰੋਜੈਕਟ ਬਾਰੇ ਜਾਣਕਾਰੀ ਦਿੰਦਿਆਂ ਮੰਤਰੀ ਨੇ ਕਿਹਾ...

BYTE

---------------------------------------------------------------

ਪੰਜਾਬ ਪੁਲਿਸ ਨੇ ਸੂਬੇ ਵਿੱਚੋਂ ਗੈਂਗਸਟਰ ਨੈੱਟਵਰਕ ਨੂੰ ਖਤਮ ਕਰਨ ਲਈ ਅੱਜ 'ਆਪ੍ਰੇਸ਼ਨ ਪਰਹਾਰ' ਸ਼ੁਰੂ ਕੀਤਾ ਏ ਤਾਂ ਜੋ ਸੂਬੇ ਨੂੰ ਗੈਂਗਸਟਰ ਮੁਕਤ ਕੀਤਾ ਜਾ ਸਕੇ । ਇਹ ਦੇਸ਼ ਵਿੱਚ ਆਪਣੀ ਕਿਸਮ ਦਾ ਪਹਿਲਾ ਆਪ੍ਰੇਸ਼ਨ ਦੱਸਿਆ ਜਾ ਰਿਹਾ ਏ ਜਿਸ ਵਿੱਚ ਗੈਂਗਸਟਰਾਂ ਨਾਲ ਜੁੜੇ ਅਪਰਾਧ ਦੇ ਪੂਰੇ ਈਕੋ-ਸਿਸਟਮ ਨੂੰ ਖਤਮ ਕੀਤਾ ਜਾ ਸਕੇ। 12 ਹਜ਼ਾਰ ਪੁਲਿਸ ਅਧਿਕਾਰੀਆਂ ਸਮੇਤ ਦੋ ਹਜ਼ਾਰ ਟੀਮਾਂ ਨੇ ਗੈਂਗਸਟਰਾਂ ਨੂੰ ਫੜਨ ਲਈ ਪੰਜਾਬ ਭਰ ਵਿੱਚ ਛਾਪੇਮਾਰੀ ਸ਼ੁਰੂ ਕਰ ਦਿੱਤੀ ਏ। ਪੰਜਾਬ ਪੁਲਿਸ ਮੁਖੀ ਗੌਰਵ ਯਾਦਵ ਨੇ ਅੱਜ ਚੰਡੀਗੜ੍ਹ ਵਿੱਚ ਪ੍ਰੈਸ ਕਾਨਫਰੰਸ ਦੌਰਾਨ ਇਹ ਖੁਲਾਸਾ ਕਰਦਿਆਂ ਕਿਹਾ ਕਿ ਸਾਰਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ।

BYTE

ਉਨ੍ਹਾਂ ਕਿਹਾ ਕਿ ਗੈਂਗਸਟਰਾਂ ਦੀ ਵਿੱਤੀ ਮਦਦ ਕਰਨ, ਸਾਮਾਨ ਪਹੁੰਚਾਉਣ, ਪਨਾਹ ਦੇਣ, ਹਥਿਆਰ ਸਪਲਾਈ ਚੇਨ ਅਤੇ ਸੰਚਾਰ ਚੇਨ ਨਾਲ ਜੁੜੇ ਪੂਰੇ ਈਕੋ-ਸਿਸਟਮ ਦਾ ਪਰਦਾਫਾਸ਼ ਕੀਤਾ ਜਾਵੇਗਾ।

ਸ਼੍ਰੀ ਯਾਦਵ ਨੇ ਕੁਰਾਹੇ ਪਏ ਪੰਜਾਬ ਦੇ ਨੌਜਵਾਨਾਂ ਨੂੰ ਸਮਾਂ ਰਹਿੰਦੇ ਮੁੱਖ ਧਾਰਾ ਵਿੱਚ ਦੁਬਾਰਾ ਸ਼ਾਮਲ ਹੋਣ ਦੀ ਅਪੀਲ ਕੀਤੀ। ਇਸ ਮੌਕੇ ਸ਼੍ਰੀ ਯਾਦਵ ਨੇ ਗੈਂਗਸਟਰ ਵਿਰੋਧੀ ਹੈਲਪ ਲਾਈਨ ਨੰਬਰ 93946-93946 ਦੀ ਵੀ ਸ਼ੁਰੁਆਤ ਕੀਤੀ। ਆਮ ਲੋਕ ਵੀ ਇਸ ਨੰਬਰ ਤੇ ਕਾਲ ਕਰ ਕੇ ਗੈਂਗਸਟਰ ਗਤੀਵਿਧੀਆਂ ਬਾਰੇ ਜਾਣਕਾਰੀ ਦੇ ਸਕਦੇ ਨੇ ਉਨ੍ਹਾਂ ਦੀ ਪਛਾਣ ਗੁਪਤ ਰੱਖੀ ਜਾਵੇਗੀ। ਸ਼੍ਰੀ ਯਾਦਵਨੇ ਦਸਿਆ ਕਿ ਇੱਕ 'ਓਵਰ-ਸੀਜ਼ ਫਿਊਜਿਟਿਵ ਟ੍ਰੈਕਿੰਗ ਐਂਡ ਐਕਸਟ੍ਰੈ-ਡਿਸ਼ਨ ਸੈੱਲ' ਸਥਾਪਤ ਕੀਤਾ ਗਿਆ ਏ , ਉਨ੍ਹਾਂ ਨੇ ਵਿਦੇਸ਼ਾਂ ਵਿੱਚ ਬੈਠੇ ਗੈਂਗਸਟਰਾਂ ਨੂੰ ਚੇਤਾਵਨੀ ਦਿੱਤੀ ਕਿ ਉਨ੍ਹਾਂ ਦਾ ਪਤਾ ਲਗਾਇਆ ਜਾਵੇਗਾ ਅਤੇ ਕਾਨੂੰਨ ਦਾ ਸਾਹਮਣਾ ਕਰਨ ਲਈ ਭਾਰਤ ਵਾਪਸ ਲਿਆਂਦਾ ਜਾਵੇਗਾ।

---------------------------------------------------

ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਅੱਜ 'ਆਪ੍ਰੇਸ਼ਨ ਪ੍ਰਹਾਰ' ਤਹਿਤ ਗੈਂਗਸਟਰਾਂ ਅਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਪੰਜਾਬ ਪੁਲਿਸ ਵੱਲੋਂ ਕੀਤੀ ਜਾ ਰਹੀ ਹੁਣ ਤੱਕ ਦੀ ਸਭ ਤੋਂ ਵੱਡੀ ਕਾਰਵਾਈ ਦੀ ਸ਼ਲਾਘਾ ਕੀਤੀ।

---------------------------------------------------

BJP ਦੇ ਕਾਰਜਕਾਰੀ ਪ੍ਰਧਾਨ ਨਿਤਿਨ ਨਬੀਨ ਨੂੰ ਪਾਰਟੀ ਦਾ ਨਵਾਂ ਰਾਸ਼ਟਰੀ ਪ੍ਰਧਾਨ ਚੁਣਿਆ ਗਿਆ ਏ । ਪਾਰਟੀ ਦੇ ਰਾਸ਼ਟਰੀ

ਰਿਟਰਨਿੰਗ ਅਧਿਕਾਰੀ ਡਾ. ਕੇ. ਲਕਸ਼ਮਣ ਨੇ ਅੱਜ ਨਵੀਂ ਦਿੱਲੀ ਸਥਿਤ BJP ਹੈੱਡਕੁਆਰਟਰ ਵਿਖੇ ਸੰਗਠਨ ਪਰਵ 'ਤੇ ਸ਼੍ਰੀ ਨਬੀਨ ਦੀ ਪਾਰਟੀ ਪ੍ਰਧਾਨ ਵਜੋਂ ਨਿਯੁਕਤੀ ਦਾ ਐਲਾਨ ਕੀਤਾ ਅਤੇ ਉਨ੍ਹਾਂ ਨੂੰ ਚੋਣ ਸਰਟੀਫਿਕੇਟ ਸੌਂਪਿਆ। ਸ਼੍ਰੀ ਨਬੀਨ ਦਾ ਸੀਨੀਅਰ BJP ਨੇਤਾ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅਤੇ ਕੇਂਦਰੀ ਮੰਤਰੀ ਅਮਿਤ ਸ਼ਾਹ, ਰਾਜਨਾਥ ਸਿੰਘ, ਜੇਪੀ ਨੱਡਾ ਅਤੇ ਨਿਤਿਨ ਗਡਕਰੀ ਨੇ ਸਵਾਗਤ ਕੀਤਾ। ਇਸ ਮੌਕੇ 'ਤੇ ਬੋਲਦੇ ਹੋਏ, ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸ਼੍ਰੀ ਨਬੀਨ ਨੂੰ BJP ਦਾ ਰਾਸ਼ਟਰੀ ਪ੍ਰਧਾਨ ਨਿਯੁਕਤ ਹੋਣ 'ਤੇ ਵਧਾਈ ਦਿੱਤੀ, ਇਸਨੂੰ ਦੁਨੀਆ ਦੀ ਸਭ ਤੋਂ ਵੱਡੀ ਪਾਰਟੀ ਕਰਾਰ ਦਿੱਤਾ।
ਇਸ ਮੌਕੇ ਸਾਰਿਆਂ ਦਾ ਧੰਨਵਾਦ ਕਰਦਿਆਂ ਸ਼੍ਰੀ ਨਬੀਨ ਨੇ ਕਿਹਾ।

BYTE

---------------------------------------------------------

ਕਪੂਰਥਲਾ ਜ਼ਿਲ੍ਹੇ ਵਿਚ ਧਰਤੀ ਹੇਠਲੇ ਪਾਣੀ ਦੀ ਸੁਚੱਜੀ ਸਾਂਭ-ਸੰਭਾਲ ਲਈ 31 ਮਈ ਤੱਕ ਰੀਚਾਰਜ ਸਿਸਟਮ ਸਥਾਪਤ ਕਰਨ ਦਾ ਟੀਚਾ ਰੱਖਿਆ ਗਿਆ ਏ, ਜਿਸ ਰਾਹੀਂ ਮੀਂਹ ਦੇ ਪਾਣੀ ਦੀ ਸੰਭਾਲ ਤੇ ਪਾਣੀ ਦੀ ਬੇਲੋੜੀ ਵਰਤੋਂ ਨੂੰ ਰੋਕਣ ਲਈ ਲੋਕਾਂ ਨੂੰ ਜਾਗਰੂਕ ਕੀਤਾ ਜਾਵੇਗਾ। ਇਸ ਸਬੰਧੀ ਡਿਪਟੀ ਕਮਿਸ਼ਨਰ ਅਮਿਤ ਕੁਮਾਰ ਪੰਚਾਲ ਨੇ ਜਲ ਸ਼ਕਤੀ ਅਭਿਆਨ ਤਹਿਤ ਪਾਣੀ ਦੀ ਸੰਭਾਲ ਲਈ ਕੀਤੇ ਜਾ ਰਹੇ ਕੰਮਾਂ ਦਾ

ਜਾਇਜ਼ਾ ਲਿਆ। ਸ੍ਰੀ ਪੰਚਾਲ ਨੇ ਕਿਹਾ ਕਿ ਜਲ ਸ਼ਕਤੀ ਮੰਤਰਾਲੇ ਵੱਲੋਂ ਪਿੰਡ ਪੱਧਰ 'ਤੇ 'ਫੀਜ਼ੀਬਿਲਟੀ ਮੈਪ' ਯਾਨੀ ਸੰਭਾਵਨਾ ਨਕਸ਼ੇ ਤਿਆਰ ਕੀਤੇ ਗਏ ਨੇ ਤਾਂ ਜੋ ਸਹੀ ਥਾਂਵਾਂ 'ਤੇ ਰੀਚਾਰਜ ਸਿਸਟਮ ਲਗਾਏ ਜਾ ਸਕਣ। ਨਡਾਲਾ ਅਤੇ ਬੇਗੋਵਾਲ ਵਰਗੇ ਕਸਬਿਆਂ ਲਈ ਵਿਸ਼ੇਸ਼ ਯੋਜਨਾਵਾਂ ਤਿਆਰ ਕੀਤੀਆਂ ਜਾ ਰਹੀਆਂ ਹਨ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਕੇਂਦਰੀ ਭੂ-ਜਲ ਬੋਰਡ ਦੀ ਤਾਜ਼ਾ ਰਿਪੋਰਟ ਮੁਤਾਬਿਕ ਕਪੂਰਥਲਾ ਜ਼ਿਲ੍ਹੇ ਵਿੱਚ ਧਰਤੀ ਹੇਠਲੇ ਪਾਣੀ ਦੀ ਸਥਿਤੀ ਬੇਹੱਦ ਚਿੰਤਾਜਨਕ ਹੋ ਗਈ ਏ। ਰਿਪੋਰਟ ਮੁਤਾਬਕ ਜ਼ਿਲ੍ਹੇ ਦੇ ਸਾਰੇ ਪੰਜ ਪ੍ਰਸ਼ਾਸਨਿਕ ਬਲਾਕ- ਢਿਲਵਾਂ, ਕਪੂਰਥਲਾ, ਨਡਾਲਾ, ਫਗਵਾੜਾ ਅਤੇ ਸੁਲਤਾਨਪੁਰ ਲੋਧੀ ਨੂੰ ਅਤਿ-ਸ਼ੋਸ਼ਿਤ ਬਲਾਕ ਐਲਾਨਿਆ ਗਿਆ ਏ। ਉਨ੍ਹਾਂ ਕਿਹਾ ਕਿ ਜ਼ਿਲ੍ਹੇ ਵਿੱਚ ਪਾਣੀ ਦਾ ਪੱਧਰ ਹਰ ਸਾਲ 1.09 ਤੋਂ 1.46 ਮੀਟਰ ਦੀ ਦਰ ਨਾਲ ਹੇਠਾਂ ਜਾ ਰਿਹਾ ਏ। ਡਿਪਟੀ ਕਮਿਸ਼ਨਰ ਨੇ 'ਜਲ ਸੰਚੈ ਜਨ ਭਾਗੀਦਾਰੀ ਮੁਹਿੰਮ ਤਹਿਤ ਪਾਣੀ ਦੇ ਮੁੜ-ਭਰਨ ( ਰੀਚਾਰਜ ) ਲਈ ਤੁਰੰਤ ਕਦਮ ਚੁੱਕਣ ਦੀ ਅਪੀਲ ਕਰਦਿਆਂ ਕਿਹਾ ਕਿ ਸਾਨੂੰ ਪਾਣੀ ਦੀ ਸੰਭਾਲ ਲਈ ਅੱਗੇ ਆਉਣਾ ਚਾਹੀਦਾ ਏ । ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜਲ ਸੰਚੈ ਜਨ ਭਾਗੀਦਾਰੀ ਪ੍ਰੋਗਰਾਮ ਤਹਿਤ ਕਪੂਰਥਲਾ ਵਰਗੇ ਪਾਣੀ ਦੀ ਕਿੱਲਤ ਵਾਲੇ ਜ਼ਿਲ੍ਹਿਆਂ ਲਈ ਵਿਸ਼ੇਸ਼ ਫੰਡਾਂ ਦਾ ਪ੍ਰਬੰਧ ਕੀਤਾ ਜਾ ਰਿਹਾ ਏ । ਨਵੀਂਆਂ ਹਦਾਇਤਾਂ ਅਨੁਸਾਰ,

ਮਨਰੇਗਾ ਦੇ 65 ਫੀਸਦੀ ਫੰਡ ਹੁਣ ਪਾਣੀ ਦੀ ਸੰਭਾਲ ਅਤੇ ਰੀਚਾਰਜ ਢਾਂਚੇ ਬਣਾਉਣ 'ਤੇ ਖਰਚੇ ਜਾਣਗੇ।

-----------------------------------------------------------

ਮੌਸਮ ਵਿਭਾਗ ਨੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਸੰਘਣੀ ਧੁੰਦ ਦੀ ਭਵਿੱਖਬਾਣੀ ਕੀਤੀ ਏ । ਵਿਭਾਗ ਦੇ ਮੁਤਾਬਿਕ ਪੰਜਾਬ ਹਰਿਆਣਾ, ਚੰਡੀਗੜ੍ਹ, ਦਿੱਲੀ ਅਤੇ ਬਿਹਾਰ ਦੇ ਕੁਝ ਖੇਤਰਾਂ ਵਿੱਚ ਵੀ ਸੰਘਣੀ ਧੁੰਦ ਛਾਈ ਰਹੇਗੀ।

-----------------------------------------------------------

ਮਹਿਲਾ ਪ੍ਰੀਮੀਅਰ ਲੀਗ ਕ੍ਰਿਕਟ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਅੱਜ ਸ਼ਾਮ ਵਡੋਦਰਾ ਦੇ ਕੋਟੰਬੀ ਸਟੇਡੀਅਮ ਵਿੱਚ ਇੱਕ ਲੀਗ ਮੈਚ ਵਿੱਚ ਮੁੰਬਈ ਇੰਡੀਅਨਜ਼ ਨਾਲ ਹੋਵੇਗਾ । ਇਹ ਮੈਚ ਸ਼ਾਮ ਸਾਢੇ 7 ਵਜੇ ਤੋਂ ਖੇਡਿਆ ਜਾਵੇਗਾ । WPL 2026 ਦੋ- ਸ਼ਹਿਰਾਂ ਦੇ ਫਾਰਮੈਟ ਵਿੱਚ ਆਯੋਜਿਤ ਕੀਤਾ ਜਾ ਰਿਹਾ ਏ । ਟੂਰਨਾਮੈਂਟ ਦੇ ਨਵੀ ਮੁੰਬਈ ਗੇੜ ਨੂੰ ਪੂਰਾ ਕਰਨ ਤੋਂ ਬਾਅਦ, ਸਾਰੀਆਂ ਪੰਜ ਟੀਮਾਂ ਮੁਕਾਬਲੇ ਦੇ ਦੂਜੇ ਅੱਧ ਲਈ ਗੁਜਰਾਤ ਵਿੱਚ ਤਬਦੀਲ ਹੋ ਗਈਆਂ ਨੇ ।

-----------------------------------------------------------

- ਸਰਵਉੱਚ ਅਦਾਲਤ ਨੇ ਆਵਾਰਾ ਕੁੱਤਿਆਂ ਸੰਬੰਧੀ ਅਦਾਲਤ ਦੇ ਹੁਕਮਾਂ ਦੀ ਆਲੋਚਨਾ ਕਰਨ ਲਈ ਸਾਬਕਾ ਕੇਂਦਰੀ ਮੰਤਰੀ ਮੇਨਕਾ ਗਾਂਧੀ ਦੇ ਬਿਆਨ 'ਤੇ ਨਾਰਾਜ਼ਗੀ ਪ੍ਰਗਟ ਕੀਤੀ।

- ਪੰਜਾਬ ਸਰਕਾਰ ਵਲੋਂ ਲੁਧਿਆਣਾ ਵਿੱਚ ਇੱਕ ਆਜ਼ਮਾਇਸ਼ੀ ਪ੍ਰੋਜੈਕਟ ਵਜੋਂ ਆਪਣੀ ਪਹਿਲੀ ਡੌਗ ਸੈਂਕਚੂਰੀ ਦੀ ਸ਼ੁਰੂਆਤ।

- ਪੰਜਾਬ ਪੁਲਿਸ ਵਲੋਂ ਸੂਬੇ ਵਿੱਚੋਂ ਗੈਂਗਸਟਰ ਨੈੱਟਵਰਕ ਨੂੰ ਖਤਮ ਕਰਨ ਲਈ 'ਆਪ੍ਰੇਸ਼ਨ ਪਰਹਾਰ' ਦੀ  ਸ਼ੁਰੂਆਤ- ਪੁਲਿਸ ਮੁਖੀ ਨੇ ਕਿਹਾ ਕੋਈ ਗੈਂਗਸਟਰ ਬਖਸ਼ਿਆ ਨਹੀਂ ਜਾਵੇਗਾ।

- ਕਪੂਰਥਲਾ ਜ਼ਿਲ੍ਹੇ ਵਿਚ ਧਰਤੀ ਹੇਠਲੇ ਪਾਣੀ ਦੀ ਸੁਚੱਜੀ ਸਾਂਭ-ਸੰਭਾਲ ਲਈ 31 ਮਈ ਤੱਕ ਰੀਚਾਰਜ ਸਿਸਟਮ ਸਥਾਪਤ ਕਰਨ ਦਾ ਟੀਚਾ- ਪਾਣੀ ਦੀ ਬੇਲੋੜੀ ਵਰਤੋਂ ਨੂੰ ਰੋਕਣ ਲਈ ਲੋਕਾਂ ਨੂੰ ਕੀਤਾ ਜਾਵੇਗਾ ਜਾਗਰੂਕ।

- ਮੌਸਮ ਵਿਭਾਗ ਨੇ ਪੰਜਾਬ ਦੇ ਕੁਝ ਹਿੱਸਿਆਂ ਵਿੱਚ ਸੰਘਣੀ ਧੁੰਦ ਦੀ ਪੇਸ਼ੀਨਗੋਈ ਕੀਤੀ ਏ।

- ਮਹਿਲਾ ਪ੍ਰੀਮੀਅਰ ਲੀਗ ਕ੍ਰਿਕਟ ਵਿੱਚ, ਦਿੱਲੀ ਕੈਪੀਟਲਜ਼ ਦਾ ਮੁਕਾਬਲਾ ਅੱਜ ਸ਼ਾਮ ਮੁੰਬਈ ਇੰਡੀਅਨਜ਼ ਨਾਲ ਹੋਵੇਗਾ।

---------------------------------------------------------------------------

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ**

**ਨਮਸਕਾਰ !**